# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 04-09-2025**

GST ਕੌਂਸਲ ਨੇ ਆਮ ਆਦਮੀ, ਕਿਰਤ-ਅਧਾਰਤ ਸਨਅਤਾਂ, ਕਿਸਾਨਾਂ ਅਤੇ ਖੇਤੀਬਾੜੀ, ਸਿਹਤ ਅਤੇ ਆਰਥਿਕਤਾ ਦੇ ਮੁੱਖ ਚਾਲਕਾਂ 'ਤੇ ਧਿਆਨ ਕੇਂਦ੍ਰਤ ਕਰਦੇ ਹੋਏ ਦਰਾਂ ਨੂੰ ਤਰਕਸੰਗਤ ਬਣਾਉਣ ਨੂੰ ਮਨਜ਼ੂਰੀ ਦੇ ਦਿੱਤੀ ਏ । ਬੀਤੀ ਰਾਤ ਨਵੀਂ ਦਿੱਲੀ ਵਿੱਚ ਮੀਡੀਆ ਨੂੰ ਜਾਣਕਾਰੀ ਦਿੰਦਿਆਂ, ਖਜ਼ਾਨਾ ਮੰਤਰੀ ਨਿਰਮਲਾ ਸੀਤਾਰਮਨ ਨੇ ਕਿਹਾ ਕਿ ਆਮ ਆਦਮੀ ਅਤੇ ਮੱਧ ਵਰਗ ਦੀਆਂ ਵਸਤੂਆਂ 'ਤੇ ਵਸਤੂ ਤੇ ਸੇਵਾ ਟੈਕਸ ਨੂੰ 18 ਫੀਸਦੀ ਅਤੇ 12 ਫੀਸਦੀ ਤੋਂ ਘਟਾ ਕੇ 5 ਫੀਸਦੀ ਕਰ ਦਿੱਤਾ ਗਿਆ ਏ । ਅਸਿੱਧੇ ਟੈਕਸ ਢਾਂਚੇ ਨੂੰ ਤਰਕਸੰਗਤ ਬਣਾਉਂਦੇ ਹੋਏ, GST ਕੌਂਸਲ ਨੇ 12 ਫੀਸਦੀ ਅਤੇ 28 ਫੀਸਦੀ ਦਰਾਂ ਨੂੰ ਖਤਮ ਕਰਕੇ ਮੌਜੂਦਾ ਚਾਰ ਸਲੈਬਾਂ ਨੂੰ ਘਟਾ ਕੇ 2 ਕਰ ਦਿੱਤਾ ਏ, ਜਦੋਂ ਕਿ 5 ਫੀਸਦੀ ਅਤੇ 18 ਫੀਸਦੀ ਦੀਆਂ ਸਲੈਬਾਂ ਨੂੰ ਬਰਕਰਾਰ ਰੱਖਿਆ ਏ । ਇਹ ਸਾਰੇ ਬਦਲਾਅ ਇਸ ਮਹੀਨੇ ਦੀ 22 ਤਰੀਕ, ਨਵਰਾਤਰੀ ਦੇ ਪਹਿਲੇ ਦਿਨ ਤੋਂ ਲਾਗੂ ਹੋਣਗੇ।

---

ਕੇਂਦਰੀ ਖੇਤੀਬਾੜੀ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਤਬਾਹਕੁੰਨ ਹੜ੍ਹਾਂ ਦੀ **ਜ਼ਦ** ਹੇਠ ਆਏ ਸਰਹੱਦੀ ਸੂਬੇ ਪੰਜਾਬ ਦੀ ਮੌਜੂਦਾ ਸਥਿਤੀ ਦਾ ਜਾਇਜ਼ਾ ਲੈਣ ਲਈ ਅੱਜ ਇਥੇ ਪਹੁੰਚੇ ਨੇ। ਸਾਡੇ ਜਲੰਧਰ ਵਾਲੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ ਪੰਜਾਬ ਦੇ ਰਾਜਪਾਲ, ਗੁਲਾਬ ਚੰਦ ਕਟਾਰੀਆ ਨੇ ਰਾਜ ਦੇ ਪੰਜ ਸਭ ਤੋਂ ਵੱਧ ਪ੍ਰਭਾਵਿਤ ਜ਼ਿਲ੍ਹਿਆਂ ਅੰਮ੍ਰਿਤਸਰ, ਪਠਾਨਕੋਟ, ਗੁਰਦਾਸਪੁਰ, ਤਰਨਤਾਰਨ ਅਤੇ ਫਿਰੋਜ਼ਪੁਰ ਵਿਚਲੀ ਹੜ੍ਹ ਦੀ ਸਥਿਤੀ ਬਾਰੇ ਮੰਤਰੀ ਨੂੰ ਇੱਕ ਵੇਰਵੇ ਸਹਿਤ ਰਿਪੋਰਟ ਸੌਂਪੀ ਏ । ਉਨ੍ਹਾਂ ਨੇ ਖੇਤੀਬਾੜੀ ਮੰਤਰੀ ਨੂੰ ਇਨ੍ਹਾਂ ਇਲਾਕਿਆਂ ਵਿੱਚ ਜ਼ਮੀਨੀ ਹਕੀਕਤਾਂ ਬਾਰੇ ਵੀ ਜਾਣੂ ਕਰਵਾਇਆ ਏ, ਜਿਸ ਵਿੱਚ ਜਾਨ-ਮਾਲ, ਫਸਲਾਂ ਅਤੇ ਬੁਨਿਆਦੀ ਢਾਂਚੇ ਨੂੰ ਹੋਏ ਵਿਆਪਕ ਨੁਕਸਾਨ ਅਤੇ ਵੱਖ-ਵੱਖ ਏਜੰਸੀਆਂ ਨਾਲ ਤਾਲਮੇਲ ਕਰ ਕੇ ਸੂਬਾ ਸਰਕਾਰ ਵੱਲੋਂ ਕੀਤੇ ਜਾ ਰਹੇ ਰਾਹਤ ਅਤੇ ਮੁੜ੍ਹ – ਵਸੇਬਾ ਉਪਾਵਾਂ ਨੂੰ ਉਜਾਗਰ ਕੀਤਾ ਗਿਆ ਏ। ਸ਼੍ਰੀ ਚੌਹਾਨ ਅੱਜ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਮਿਲਣ ਅਤੇ ਉਨ੍ਹਾਂ ਦੀਆਂ ਫੌਰੀ ਜ਼ਰੂਰਤਾਂ ਦਾ ਜਾਇਜ਼ਾ ਲੈਣ ਲਈ ਪੰਜਾਬ ਦੇ ਇੱਕ ਦਿਨ ਦੇ ਦੌਰੇ 'ਤੇ ਨੇ। ਉਹ ਕੇਂਦਰ ਅਤੇ ਰਾਜ ਸਰਕਾਰ ਦੇ ਸਬੰਧਤ ਅਧਿਕਾਰੀਆਂ

ਦੀ ਸਮੀਖਿਆ ਮੀਟਿੰਗ ਬੁਲਾਉਣ ਤੋਂ ਪਹਿਲਾਂ ਅੰਮ੍ਰਿਤਸਰ, ਗੁਰਦਾਸਪੁਰ ਅਤੇ ਕਪੂਰਥਲਾ ਦੇ ਪਿੰਡਾਂ ਦਾ ਦੌਰਾ ਕਰਨਗੇ | Byte---

ਉਨ੍ਹਾਂ ਨੇ ਤੁਰੰਤ ਰਾਹਤ ਅਤੇ ਮੁੜ ਵਸੇਬੇ ਲਈ ਰਾਜ ਨੂੰ ਲੋੜੀਂਦੀ ਸਹਾਇਤਾ ਪ੍ਰਦਾਨ ਕਰਨ ਵਿੱਚ ਕੇਂਦਰ ਸਰਕਾਰ ਵੱਲੋਂ ਪੂਰੀ ਹਮਾਇਤ ਦੇਣ ਦਾ ਭਰੋਸਾ ਦਿੱਤਾ ਏ। ਉਧਰ ਪੰਜਾਬ ਵਿੱਚ, ਲਗਾਤਾਰ ਮੀਂਹ, ਬਿਆਸ, ਸਤਲੁਜ, ਰਾਵੀ ਅਤੇ ਘੱਗਰ ਦਰਿਆਵਾਂ ਵਿੱਚ ਪਾਣੀ ਦਾ ਪੱਧਰ ਵਧਣਾ ਅਤੇ ਭਾਖੜਾ, ਪੌਂਗ ਤੇ ਰਣਜੀਤ ਸਾਗਰ ਡੈਮਾਂ ਤੋਂ ਪਾਣੀ ਨੂੰ ਨਿਯੰਤਰਿਤ ਢੰਗ ਨਾਲ ਛਡੇ ਜਾਣ ਕਾਰਨ ਸਰਹੱਦੀ ਸੂਬਾ ਹਾਈ ਅਲਰਟ 'ਤੇ ਏ । ਸਭ ਤੋਂ ਵੱਧ ਬੁਰੀ ਤਰ੍ਹਾਂ ਪ੍ਰਭਾਵਿਤ ਜ਼ਿਲਾ ਗੁਰਦਾਸਪੁਰ ਏ ਜਿੱਥੇ 1 ਲੱਖ 45 ਹਜ਼ਾਰ ਲੋਕ ਪ੍ਰਭਾਵਿਤ ਹੋਏ ਨੇ, ਉਸ ਤੋਂ ਬਾਅਦ ਅੰਮ੍ਰਿਤਸਰ ਵਿੱਚ 1 ਲੱਖ 17 ਹਜ਼ਾਰ ਤੋਂ ਵੱਧ ਲੋਕ, ਫਿਰੋਜ਼ਪੁਰ ਵਿੱਚ 39 ਹਜ਼ਾਰ 76 ਅਤੇ ਫਾਜ਼ਿਲਕਾ ਵਿੱਚ 21 ਹਜ਼ਾਰ 500 ਤੋਂ ਵੱਧ ਲੋਕ ਸਭ ਤੋਂ ਵੱਧ ਪ੍ਰਭਾਵਿਤ ਹੋਏ ਨੇ । ਓਧਰ ਪਠਾਨਕੋਟ ਦੇ ਮਾਧੋਪੁਰ ਵਿੱਚ ਜੰਮੂ-ਪਠਾਨਕੋਟ ਰਾਸ਼ਟਰੀ ਸ਼ਾਹ ਰਾਹ 'ਤੇ ਇੱਕ ਪੁਲ ਨੂੰ ਨੁਕਸਾਨ ਪੁੱਜਣ ਕਾਰਨ, ਸੜਕ ਦਾ ਇੱਕ ਪਾਸਾ ਬੰਦ ਏ, ਜਦੋਂਕਿ ਹਾਈਵੇਅ ਦੀ ਆਵਾਜਾਈ ਦੂਜੇ ਪੁਲ ਰਾਹੀਂ ਚਲਾਈ ਜਾ ਰਹੀ ਏ। ਜਲੰਧਰ ਵਿੱਚ 72 ਘੰਟਿਆਂ ਤੋਂ ਵੱਧ ਸਮੇਂ ਤੱਕ ਹੋਈ ਭਾਰੀ

ਬਾਰਿਸ਼ ਤੋਂ ਬਾਅਦ ਜ਼ਿਲ੍ਹਾ ਪ੍ਰਸ਼ਾਸਨ ਦੇ ਯਤਨਾਂ ਸਦਕਾ ਲੋਕਾਂ ਨੂੰ ਰਾਹਤ ਮਿਲੀ ਏ ਅਤੇ ਹਾਲਾਤ ਹੌਲੀ-ਹੌਲੀ ਆਮ ਵਾਂਗ ਹੋ ਰਹੇ ਨੇ। ਕਪੂਰਥਲਾ ਦੇ ਸੁਲਤਾਨਪੁਰ ਲੋਧੀ ਵਿਖੇ ਹੜ੍ਹ ਪ੍ਰਭਾਵਿਤਾਂ ਲਈ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਆਪਣੇ ਅਖਤਿਆਰੀ ਫੰਡਜ਼ ਵਿੱਚੋਂ 50 ਲੱਖ ਰੁਪਏ ਦੀ ਗ੍ਰਾਂਟ ਦੇਣ ਦਾ ਐਲਾਨ ਕੀਤਾ ਏ। ਇਸ ਗ੍ਰਾਂਟ ਵਿੱਚੋਂ 5 ਪਿੰਡਾਂ ਨੂੰ ਕਿਸ਼ਤੀਆਂ ਅਤੇ ਪੀਣ ਵਾਲੇ ਪਾਣੀ ਦੇ ਟੈਂਕਰ ਲੈ ਕੇ ਦਿੱਤੇ ਜਾ ਰਹੇ ਨੇ। ਸੰਤ ਸੀਚੇਵਾਲ ਨੇ ਦੂਰ ਦੁਰਾਡੇ ਤੋਂ ਰਾਹਤ ਸਮੱਗਰੀ ਲੈ ਕੇ ਆਉਣ ਵਾਲਿਆਂ ਦੀ ਸਹੂਲਤ ਤੇ ਹੜ੍ਹ ਪ੍ਰਭਾਵਿਤ ਪੀੜਤਾਂ ਦੀ ਸਹਾਇਤਾ ਲਈ ਮੋਬਾਇਲ ਨੰਬਰ 94-630-60-363, 81-466-93-793 ਅਤੇ 97-818-35-919 ਜਾਰੀ ਕੀਤੇ ਨੇ। ਉਧਰ ਘੱਗਰ ਦੇ ਸਾਰੇ ਗੇਜਾਂ ਦੇ ਖ਼ਤਰੇ ਦੇ ਪੱਧਰ ‘ਤੇ ਪਹੁੰਚਣ ਕਾਰਨ ਪਟਿਆਲਾ ਦੇ ਪਾਤੜਾਂ ਵਿਚ ਹਰਚੰਦਪੁਰਾ ਅਤੇ ਬਾਦਸ਼ਾਹਪੁਰ ਦੇ ਉੱਪਰਲੇ ਪਾਸੇ ਪਾਣੀ ਇਕੱਠਾ ਹੋ ਰਿਹਾ ਏ। ਇਸ ਲਈ ਨੇੜਲੇ ਪਿੰਡਾਂ ਦੇ ਲੋਕਾਂ ਨੂੰ ਚੌਕਸ ਰਹਿਣ ਲਈ ਕਿਹਾ ਗਿਆ ਏ। ਚੰਡੀਗੜ੍ਹ ਸਥਿਤ ਭਾਰਤੀ ਮੌਸਮ ਵਿਭਾਗ ਦੇ ਨਿਰਦੇਸ਼ਕ, ਸੁਰੇਂਦਰ ਪਾਲ ਨੇ ਦੱਸਿਐ ਕਿ ਅੱਜ ਤੋਂ 8 ਸਤੰਬਰ ਤੱਕ ਪੰਜਾਬ ਵਿੱਚ ਬਾਰਿਸ਼ ਵਿੱਚ ਕਾਫ਼ੀ ਕਮੀ ਆਉਣ ਦੀ ਉਮੀਦ ਏ।

-------------------------------------------------------------------------

ਬਿਹਾਰ ਦੇ ਰਾਜਗੀਰ ਵਿੱਚ ਮਰਦਾਂ ਦੀ ਏਸ਼ੀਆ ਕੱਪ ਹਾਕੀ ਚੈਂਪੀਅਨਸ਼ਿਪ ਦੇ ਸੁਪਰ 4 ਗੇੜ ਦੇ ਦੂਜੇ ਮੈਚ ਵਿੱਚ ਭਾਰਤੀ ਟੀਮ ਦਾ ਮੁਕਾਬਲਾ ਅੱਜ ਸ਼ਾਮ ਮਲੇਸ਼ੀਆ ਨਾਲ ਹੋਵੇਗਾ । ਇਹ ਮੈਚ ਰਾਜਗੀਰ ਅੰਤਰ-ਰਾਸ਼ਟਰੀ ਸਟੇਡੀਅਮ ਵਿੱਚ ਸ਼ਾਮ ਸਾਢੇ 7 ਵਜੇ ਖੇਡਿਆ ਜਾਵੇਗਾ। ਭਾਰਤ ਦਾ ਪਹਿਲਾ ਮੈਚ ਕੱਲ੍ਹ ਸ਼ਾਮ ਕੋਰੀਆ ਵਿਰੁੱਧ 2-2 ਨਾਲ ਡਰਾਅ ਰਿਹਾ ਸੀ। ਇੱਕ ਹੋਰ ਸੁਪਰ 4 ਗੇੜ ਮੈਚ ਵਿੱਚ, ਚੀਨ ਅੱਜ ਕੋਰੀਆ ਵਿਰੁੱਧ ਖੇਡੇਗਾ । ਕੋਰੀਆ ਅਤੇ ਚੀਨ ਵਿਚਕਾਰ ਮੈਚ ਸ਼ਾਮ 5 ਵਜੇ ਸ਼ੁਰੂ ਹੋਵੇਗਾ। ਸੁਪਰ 4 ਗੇੜ ਵਿੱਚ ਚੋਟੀ ਦੀਆਂ ਦੋ ਟੀਮਾਂ 7 ਸਤੰਬਰ ਨੂੰ ਹੋਣ ਵਾਲੇ ਫਾਈਨਲ ਲਈ ਕੁਆਲੀਫਾਈ ਕਰਨਗੀਆਂ।